# ਦਫ਼ਤਰ ਜ਼ਿਲ੍ਹਾ ਮੈਜਿਸਟਰੇਟ ਬਰਨਾਲਾ

(ਐਮ.ਏ. ਸ਼ਾਖਾ)

ਹੁਕਮ ਨੰ: ੨੫੪ /ਐਮ.ਏ. ਮਿਤੀ: 13/05/2019

## ਹੁਕਮ
(Revised)

ਮੁੱਖ ਚੋਣਕਾਰ ਅਫ਼ਸਰ, ਪੰਜਾਬ ਵੱਲੋਂ ਪ੍ਰਾਪਤ ਪੱਤਰ ਨੰ: Elec-2019/R-3897 ਮਿਤੀ: 10-04-2019 ਅਨੁਸਾਰ ਲੋਕ ਸਭਾ ਆਮ ਚੋਣਾਂ-2019, ਪੰਜਾਬ ਰਾਜ ਵਿੱਚ ਮਿਤੀ: 19-05-2019 ਨੂੰ ਹੋਣੀਆਂ ਨਿਸ਼ਚਿਤ ਹੋਈਆਂ ਹਨ। ਆਮ ਵੇਖਣ ਵਿੱਚ ਆਇਆ ਹੈ ਕਿ ਚੋਣਾਂ ਦੌਰਾਨ ਲੋਕਾਂ ਵੱਲੋਂ ਸ਼ਰਾਬ ਦੀ ਵਰਤੋਂ ਕੀਤੀ ਜਾਂਦੀ ਹੈ, ਜਿਸ ਕਾਰਨ ਲੋਕਾਂ ਵਿੱਚ ਲੜਾਈ-ਝਗੜਾ ਹੋਣ ਕਾਰਨ ਅਮਨ-ਕਾਨੂੰਨ ਦੀ ਸਥਿਤੀ ਭੰਗ ਹੋਣ ਦਾ ਅੰਦੇਸ਼ਾ ਬਣਿਆ ਰਹਿੰਦਾ ਹੈ। ਇੰਨ੍ਹਾਂ ਚੋਣਾਂ ਨੂੰ ਮੱਦੇਨਜ਼ਰ ਰੱਖਦੇ ਹੋਏ ਮੁੱਖ ਚੋਣਕਾਰ ਅਫ਼ਸਰ ਪੰਜਾਬ ਨੇ ਮਿਤੀ: 17-05-2019 ਤੋਂ ਮਿਤੀ: 19-05-2019 ਤੱਕ ਅਤੇ ਮਿਤੀ: 23-05-2019 ਨੂੰ ਵੋਟਾਂ ਦੀ ਗਿਣਤੀ ਵਾਲੇ ਦਿਨ ਲੋਕ ਸ਼ਾਂਤੀ ਹਿੱਤ ਨਸ਼ਾਬੰਦੀ **(Dry Day)** ਘੋਸ਼ਿਤ ਕਰਨ ਲਈ ਲਿਖਿਆ ਹੈ। ਆਬਕਾਰੀ ਤੇ ਕਰ ਕਮਿਸ਼ਨਰ, ਪੰਜਾਬ ਜੀ ਦੇ ਹੁਕਮ ਨੰਬਰ: ਅ-1-19/7474-7508 ਮਿਤੀ: 30-04-2019 ਰਾਹੀਂ ਪੰਜਾਬ ਵਿੱਚ ਮਿਤੀ: 17-05-2019 ਨੂੰ ਸ਼ਾਮ 06:00 ਵਜੇ ਤੋਂ ਲੈਕੇ ਮਿਤੀ: 19-05-2019 ਨੂੰ ਸ਼ਾਮ 06:00 ਵਜੇ ਤੱਕ ਅਤੇ ਮਿਤੀ: 23-05-2019 ਨੂੰ ਵੋਟਾਂ ਦੀ ਗਿਣਤੀ ਵਾਲੇ ਦਿਨ ਡਰਾਈ ਡੇਅ ਘੋਸ਼ਿਤ ਕੀਤਾ ਗਿਆ ਹੈ। ਲੋਕ ਸ਼ਾਂਤੀ ਹਿੱਤ ਅਤੇ ਇੰਨ੍ਹਾਂ ਚੋਣਾਂ ਨੂੰ ਆਜ਼ਾਦ ਅਤੇ ਨਿਰਪੱਖ ਢੰਗ ਨਾਲ ਸ਼ਾਂਤੀ ਪੂਰਵਕ ਮੁਕੰਮਲ ਕਰਾਉਣ ਲਈ ਨਸ਼ਾਬੰਦੀ ਘੋਸ਼ਿਤ ਕੀਤੀ ਜਾਣੀ ਜਰੂਰੀ ਹੈ।

ਇਸ ਲਈ ਮੈਂ, **ਤੇਜ ਪ੍ਰਤਾਪ ਸਿੰਘ ਫੂਲਕਾ, ਆਈ.ਏ.ਐਸ., ਜਿਲ੍ਹਾ ਮੈਜਿਸਟਰੇਟ, ਬਰਨਾਲਾ** ਪੰਜਾਬ ਆਬਕਾਰੀ ਐਕਟ 1914 ਦੀ ਧਾਰਾ 54 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਮਿਤੀ: 17-05-2019 ਨੂੰ ਸ਼ਾਮ 06:00 ਵਜੇ ਤੋਂ ਮਿਤੀ: 19-05-2019 ਨੂੰ ਸ਼ਾਮ 06:00 ਵਜੇ ਤੱਕ ਅਤੇ ਮਿਤੀ: 23-05-2019 ਨੂੰ ਵੋਟਾਂ ਦੀ ਗਿਣਤੀ ਵਾਲੇ ਦਿਨ ਜਿਲ੍ਹਾ ਬਰਨਾਲਾ ਅੰਦਰ ਡਰਾਈ ਡੇਅ **(Dry Day)** ਘੋਸ਼ਿਤ ਕਰਦਾ ਹਾਂ। ਉਪਰੋਕਤ ਪਾਬੰਦੀ ਦੌਰਾਨ ਜਿਲ੍ਹਾ ਬਰਨਾਲਾ ਦੀ ਹਦੂਦ ਅੰਦਰ ਕਿਸੇ ਵੀ ਸ਼ਰਾਬ ਦੇ ਠੇਕੇ (ਦੇਸੀ ਅਤੇ ਅੰਗਰੇਜੀ), ਹੋਟਲ, ਦੁਕਾਨ, ਰੈਸਟੋਰੈਂਟ, ਕਲੱਬ, ਬੀਅਰ ਬਾਰ, ਅਹਾਤੇ, ਜਿੱਥੇ ਸ਼ਰਾਬ ਵੇਚਣ ਤੇ ਪੀਣ ਦੀ ਕਾਨੂੰਨੀ ਇਜਾਜਤ ਹੈ ਜਾਂ ਹੋਰ ਜਨਤਕ ਥਾਵਾਂ ਆਦਿ ਤੇ ਸ਼ਰਾਬ ਦੀ ਵਿਕਰੀ ਕਰਨ, ਵਰਤੋਂ ਕਰਨ, ਪੀਣ/ਪਿਲਾਉਣ ਅਤੇ ਸਟੋਰ ਕਰਨ ਤੇ ਮੁਕੰਮਲ ਪਾਬੰਦੀ ਲਗਾਉਂਦਾ ਹਾਂ।

**ਇਸ ਹੁਕਮ ਨੂੰ ਪੂਰਨ ਤੌਰ ਤੇ ਲਾਗੂ ਕਰਾਉਣ ਲਈ ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਬਰਨਾਲਾ ਜਿੰਮੇਵਾਰ ਹੋਣਗੇ।**

ਇਹ ਹੁਕਮ ਸਮੇਂ ਦੀ ਤੱਤਪਰਤਾ ਅਨੁਸਾਰ ਇੱਕਤਰਫਾ ਲਾਗੂ ਕੀਤਾ ਜਾਂਦਾ ਹੈ। ਇਹ ਹੁਕਮ ਜਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ ਵੱਲੋਂ ਪ੍ਰੈਸ ਨੋਟ ਜਾਰੀ ਕਰਕੇ ਅਤੇ ਲੋਕਲ ਟੀ.ਵੀ. ਰਾਹੀਂ ਪ੍ਰਚਾਰ ਕਰਵਾਕੇ ਅਤੇ ਇਸ ਹੁਕਮ ਦੀਆਂ ਕਾਪੀਆਂ ਪੁਲਿਸ ਸਟੇਸ਼ਨਾਂ/ਨਗਰ ਪਾਲਿਕਾਵਾਂ/ਉਪ ਮੰਡਲ ਮੈਜਿਸਟਰੇਟਸ/ਤਹਿਸੀਲਦਾਰਾਂ/ਡੀ.ਡੀ.ਪੀ.ਓ/ਬੀ.ਡੀ.ਪੀ.ਓਜ ਤੇ ਸਦਰ ਮੁਕਾਮ ਦੇ ਦਫ਼ਤਰਾਂ ਦੇ ਨੋਟਿਸ ਬੋਰਡਾਂ ਅਤੇ ਜਿਲ੍ਹਾ ਬਰਨਾਲਾ ਦੀਆਂ ਹੋਰ ਨੁਮਾਇਆ ਥਾਵਾਂ ਤੇ ਚਸਪਾ ਕਰਕੇ ਲਾਗੂ ਕੀਤਾ ਜਾਵੇਗਾ।

**ਇਸ ਦਫ਼ਤਰ ਵੱਲੋਂ ਪਹਿਲਾਂ ਜਾਰੀ ਕੀਤਾ ਗਿਆ ਹੁਕਮ ਨੰਬਰ: 250/ਐਮ.ਏ. ਮਿਤੀ: 30-04-2019, ਪਿੱਠ ਅੰਕਣ ਨੰਬਰ: 6646-6710/ਐਮ.ਏ. ਮਿਤੀ: 02-05-2019 ਉਪਰੋਕਤ ਅਨੁਸਾਰ ਸੋਧਿਆ ਜਾਂਦਾ ਹੈ।**

**ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਨਾਲ ਜਾਰੀ ਹੋਇਆ।**

ਤੇਜ ਪ੍ਰਤਾਪ ਸਿੰਘ ਫੂਲਕਾ, ਆਈ.ਏ.ਐਸ.
ਜਿਲ੍ਹਾ ਮੈਜਿਸਟਰੇਟ, ਬਰਨਾਲਾ।

ਪਿੱਠ ਅੰਕਣ ਨੰ 6838-6902 /ਐਮ.ਏ ਮਿਤੀ: 13/05/2019

**ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਪਾਸ ਸੂਚਨਾ/ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-**

1) ਮੁੱਖ ਚੋਣ ਅਫ਼ਸਰ, ਪੰਜਾਬ, SCO No. 29-32, Sector 17-E, ਚੰਡੀਗੜ੍ਹ।
2) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
3) ਪ੍ਰਿੰਸੀਪਲ ਸਕੱਤਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਪੰਜਾਬ ਚੰਡੀਗੜ੍ਹ।
4) ਕਮਿਸ਼ਨਰ ਪਟਿਆਲਾ ਮੰਡਲ, ਪਟਿਆਲਾ।
5) ਸਕੱਤਰ, ਰਾਜ ਚੋਣ ਕਮਿਸ਼ਨ, ਪੰਜਾਬ ਚੰਡੀਗੜ੍ਹ।
6) ਡੀ.ਆਈ.ਜੀ (ਸੀ.ਆਈ.ਡੀ) ਪੰਜਾਬ, ਚੰਡੀਗੜ੍ਹ/ਡੀ.ਆਈ.ਜੀ, ਪੁਲਿਸ ਰੇਂਜ ਪਟਿਆਲਾ।
7) ਜਿਲ੍ਹਾ ਮੈਜਿਸਟਰੇਟ ਫਰੀਦਕੋਟ/ਫਿਰੋਜ਼ਪੁਰ/ਲੁਧਿਆਣਾ/ਜਲੰਧਰ/ਅੰਮ੍ਰਿਤਸਰ/ਕਪੂਰਥਲਾ/ਹੁਸ਼ਿਆਰਪੁਰ/ਪਟਿਆਲਾ/ਮਾਨਸਾ/ਮੋਗਾ/ਬਠਿੰਡਾ/ ਮੁਕਤਸਰ/ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ)/ਸੰਗਰੂਰ/ਗੁਰਦਾਸਪੁਰ/ਫਾਜਿਲਕਾ/ਪਠਾਨਕੋਟ/ਰੂਪਨਗਰ/ਅਜੀਤਗੜ੍ਹ (ਐਸ.ਏ.ਐਸ.ਨਗਰ-ਮੋਹਾਲੀ)/ਤਰਨਤਾਰਨ/ ਫਤਿਹਗੜ੍ਹ ਸਾਹਿਬ।
8) ਜਿਲ੍ਹਾ ਅਤੇ ਸ਼ੈਸ਼ਨ ਜੱਜ ਬਰਨਾਲਾ।
9) ਰਿਟਰਨਿੰਗ ਅਫ਼ਸਰ, ਸੰਗਰੂਰ।
10) ਸੀਨੀਅਰ ਕਪਤਾਨ ਪੁਲਿਸ, ਬਰਨਾਲਾ।
11) ਉਪ ਮੰਡਲ ਮੈਜਿਸਟਰੇਟ, ਬਰਨਾਲਾ/ਤਪਾ।
12) ਸਹਾਇਕ ਰਿਟਰਨਿੰਗ ਅਫ਼ਸਰ, ਬਰਨਾਲਾ/ਮਹਿਲਕਲਾਂ/ਭਦੌੜ।
13) ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਬਰਨਾਲਾ।
14) ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਬਰਨਾਲਾ।
15) ਜਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ, ਬਰਨਾਲਾ।
16) ਜਿਲ੍ਹਾ ਅਟਾਰਨੀ (ਲੀਗਲ) ਬਰਨਾਲਾ।
17) ਜਿਲ੍ਹਾ ਮਾਲ ਅਫਸਰ ਬਰਨਾਲਾ।
18) ਤਹਿਸੀਲਦਾਰ ਚੋਣ, ਬਰਨਾਲਾ।
19) ਤਹਿਸੀਲਦਾਰ ਬਰਨਾਲਾ/ਤਪਾ ਅਤੇ ਨਾਇਬ ਤਹਿਸੀਲਦਾਰ ਬਰਨਾਲਾ/ਤਪਾ/ਭਦੌੜ/ਧਨੌਲਾ/ਮਹਿਲਕਲਾਂ।
20) ਡੀ.ਡੀ.ਪੀ.ਓ, ਬਰਨਾਲਾ/ਬੀ.ਡੀ.ਪੀ.ਓਜ ਬਰਨਾਲਾ/ਮਹਿਲਕਲਾਂ/ਸ਼ਹਿਣਾ।
21) ਕਾਰਜ ਸਾਧਕ ਅਫਸਰ, ਨਗਰ ਕੌਂਸਲ ਬਰਨਾਲਾ/ਧਨੌਲਾ/ਤਪਾ/ਭਦੌੜ/ਨਗਰ ਪੰਚਾਇਤ ਹੰਡਿਆਇਆ ਅਤੇ ਨਗਰ ਸੁਧਾਰ ਟਰੱਸਟ, ਬਰਨਾਲਾ।
22) ਜਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ ਪਾਸ ਭੇਜਕੇ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸਬੰਧੀ ਆਪਣੇ ਪੱਧਰ ਤੇ ਪ੍ਰੈਸ ਨੋਟ ਜਾਰੀ ਕੀਤਾ ਜਾਵੇ ਅਤੇ ਪ੍ਰਚਾਰ ਮੁਨਾਦੀ ਕਰਕੇ ਰਿਪੋਰਟ ਇਸ ਦਫ਼ਤਰ ਪਾਸ ਭੇਜੀ ਜਾਵੇ।
23) ਜਿਲ੍ਹਾ ਸਿੱਖਿਆ ਅਫਸਰ, (ਐਲੀ/ਸੰਕੈਂ), ਬਰਨਾਲਾ।
24) ਪੀ.ਏ.ਟੂ ਡੀ.ਐਮ./ਸਟੈਨੋਗਰਾਫਰ ਟੂ ਏ.ਡੀ.ਐਮ(ਜ)/ਸਟੈਨੋ ਟੂ ਏ.ਸੀ (ਜ) ਬਰਨਾਲਾ ਪਾਸ ਅਫ਼ਸਰ ਸਾਹਿਬਾਨ ਦੀ ਜਾਣਕਾਰੀ ਹਿੱਤ।

ਜਿਲ੍ਹਾ ਮੈਜਿਸਟਰੇਟ